# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਮੰਡਪਮ ਵਿਖੇ, ਵਿਕਸਿਤ ਭਾਰਤ ਯੁਵਾ ਨੇਤਾ ਸੰਵਾਦ ਨੂੰ ਸੰਬੋਧਨ ਕੀਤਾ -ਕਿਹਾ ਭਾਰਤ ਦੀ ਯੁਵਾ ਸ਼ਕਤੀ, ਛੇਤੀ ਹੀ ਦੇਸ਼ ਨੂੰ ਵਿਕਸਤ ਰਾਸ਼ਟਰ ਬਣਾਵੇਗੀ।
- ਭਾਰਤੀ ਪੁਲਾੜ ਖੋਜ ਸੰਗਠਨ - ਇਸਰੋ ਨੇ ਡੌਕਿੰਗ ਤੋਂ ਪਹਿਲਾਂ ਸਪੈਡੇਕਸ ਪ੍ਰੋਗਰਾਮ ਤਹਿਤ, ਆਪਣੇ ਦੋ ਉਪਗ੍ਰਹਿਆਂ ਨੂੰ ਸਥਿਰ ਕਰਨ ਵਿੱਚ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਏ।
- ਮਹਾਨ ਅਧਿਆਤਮਕ ਗੁਰੂ ਸਵਾਮੀ ਵਿਵੇਕਾਨੰਦ ਦੀ ਜੈਯੰਤੀ ਮੌਕੇ, ਅੱਜ ਰਾਸ਼ਟਰੀ ਯੁਵਾ ਦਿਵਸ ਮਨਾਇਆ ਜਾ ਰਿਹਾ ਏ।
- ਸੀਮਾ ਸੁਰੱਖਿਆ ਬਲ ਨੇ, ਫਿਰੋਜ਼ਪੁਰ ਸਰਹੱਦ 'ਤੇ ਪਾਕਿਸਤਾਨੀ ਡਰੋਨ ਨਾਲ ਸੁੱਟਿਆ ਗਿਆ ਪਿਸਤੌਲ, ਮੈਗਜ਼ੀਨ ਅਤੇ ਹੈਰੋਇਨ ਬਰਾਮਦ ਕੀਤੀ।

- ਮੌਸਮ ਵਿਭਾਗ ਵੱਲੋਂ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ, ਸੰਘਣੀ ਧੁੰਦ ਪੈਣ ਬਾਰੇ ਯੈਲੋ ਅਲਰਟ ਜਾਰੀ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਯੁਵਾ ਸ਼ਕਤੀ, ਛੇਤੀ ਹੀ ਇਸ ਨੂੰ ਵਿਕਸਤ ਰਾਸ਼ਟਰ ਬਣਾਵੇਗੀ । ਅੱਜ ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿਖੇ, ਵਿਕਸਿਤ ਭਾਰਤ ਯੁਵਾ ਨੇਤਾ ਸੰਵਾਦ - 2025 ਮੌਕੇ ਬੋਲਦਿਆਂ, ਉਨ੍ਹਾਂ ਕਿਹਾ ਕਿ ਭਾਰਤ ਦੀ ਨੌਜਵਾਨ ਸ਼ਕਤੀ, ਸ਼ਾਨਦਾਰ ਤਬਦੀਲੀ ਲਿਆ ਰਹੀ ਏ । ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੂੰ, ਨਵੀਂ ਪੀੜ੍ਹੀ 'ਤੇ ਭਰੋਸਾ ਏ ਅਤੇ ਨੌਜਵਾਨ ਪੀੜ੍ਹੀ, ਸਾਰੀਆਂ ਸਮੱਸਿਆਵਾਂ ਦਾ ਹੱਲ ਲੱਭੇਗੀ।

**BYTE:**

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਆਸਵੰਦ ਟੀਚਿਆਂ ਨੂੰ ਪ੍ਰਾਪਤ ਕਰਨ ਲਈ, ਦੇਸ਼ ਦੇ ਹਰੇਕ ਨਾਗਰਿਕ ਦੀ ਸਰਗਰਮ ਭਾਗੀਦਾਰੀ ਅਤੇ ਸਾਂਝੇ ਉਪਰਾਲਿਆਂ ਦੀ ਲੋੜ ਹੁੰਦੀ ਏ । ਉਨ੍ਹਾਂ ਉਜਾਗਰ ਕੀਤਾ ਕਿ ਭਾਰਤ ਤੈਅ

ਸਮੇਂ ਤੋਂ ਪਹਿਲਾਂ, ਕਈ ਖੇਤਰਾਂ ਵਿੱਚ ਆਪਣੇ ਟੀਚਿਆਂ ਨੂੰ ਪੂਰਾ ਕਰ ਰਿਹਾ ਏ।

**BYTE:**

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਇੱਕ ਵਿਕਸਤ ਭਾਰਤ ਉਹ ਹੋਵੇਗਾ ਜੋ ਆਰਥਿਕ, ਰਣਨੀਤਕ, ਸਮਾਜਿਕ ਅਤੇ ਸੱਭਿਆਚਾਰਕ ਤੌਰ 'ਤੇ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਦਹਾਕੇ ਵਿੱਚ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ।

---------------------------------------------------------------

ਓਧਰ ਮੁਹਾਲੀ ਸਥਿਤ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਨੇ ਸਵਾਮੀ ਵਿਵੇਕਾਨੰਦ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਸਤਿਕਾਰ ਭੇਟ ਕਰਦੇ ਹੋਏ ਯੁਵਾ ਦਿਵਸ ਨਾਲ ਮਨਾਇਆ। ਇਸ ਸਮਾਗਮ ਵਿੱਚ ਫੈਕਲਟੀ, ਵਿਦਿਆਰਥੀਆਂ ਅਤੇ ਸਨਮਾਨਿਤ ਮਹਿਮਾਨਾਂ ਨੇ ਸ਼ਮੂਲੀਅਤ ਕੀਤੀ। ਏਮਜ਼ ਮੋਹਾਲੀ ਦੇ ਸਹਾਇਕ ਪ੍ਰੋਫੈਸਰ, ਡਾ. ਅਨੰਨਿਆ ਰੇਅ, ਨੇ ਸਵਾਮੀ ਵਿਵੇਕਾਨੰਦ ਦੇ ਪ੍ਰੇਰਨਾਦਾਇਕ ਜੀਵਨ ਇਤਿਹਾਸ ਨੂੰ ਸਾਂਝਾ ਕੀਤਾ। ਡਾਇਰੈਕਟਰ

ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਸਵਾਮੀ ਵਿਵੇਕਾਨੰਦ ਜੀ ਦੇ ਫਲਸਫੇ ਦੀ ਅੱਜ ਦੀ ਦੁਨੀਆਂ ਵਿਚ ਇਸਦੇ ਮਹੱਤਵ ਬਾਰੇ ਦੱਸਿਆ ਤੇ ਉਨ੍ਹਾਂ ਦੀਆਂ ਪਿਆਰ, ਹਮਦਰਦੀ ਅਤੇ ਏਕਤਾ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਦੀ ਅਪੀਲ ਕੀਤੀ । ਸਮਾਗਮ ਵਿੱਚ ਸ਼ਾਰਕ ਟੈਂਕ-ਸ਼ੈਲੀ ਦਾ ਮੁਕਾਬਲਾ ਵੀ ਸ਼ਾਮਲ ਸੀ ਜਿਸ ਵਿੱਚ 2024 ਦੇ ਨੌਜਵਾਨ ਬੈਚ ਨੇ ਸਮਾਜਿਕ ਅਤੇ ਸਿਹਤ ਚੁਣੌਤੀਆਂ ਨੂੰ ਹੱਲ ਕਰਨ ਲਈ ਹੱਲ ਪੇਸ਼ ਕੀਤੇ।

---------------------------------------------------------

ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਨੇ ਡੋਕਿੰਗ ਤੋਂ ਪਹਿਲਾਂ ਸਪੈਡੇਕਸ ਪ੍ਰੋਗਰਾਮ ਤਹਿਤ, ਆਪਣੇ ਦੋ ਉਪਗ੍ਰਹਿਆਂ ਨੂੰ ਸਥਿਰ ਕਰਨ ਵਿੱਚ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਏ । ਇਸਰੋ ਨੇ ਚੇਜ਼ਰ ਅਤੇ ਟਾਰਗੇਟ ਉਪਗ੍ਰਹਿਆਂ ਨੂੰ ਸੁਰੱਖਿਅਤ ਦੂਰੀ 'ਤੇ ਲਿਜਾਣ ਤੋਂ ਪਹਿਲਾਂ ਤਿੰਨ ਮੀਟਰ ਦੀ ਦੂਰੀ 'ਤੇ ਲਿਆਉਣ ਵਿਚ ਸਫਲਤਾ ਹਾਸਲ ਕੀਤੀ। ਇਸਰੋ ਨੇ ਉਪਗ੍ਰਹਿਆਂ 'ਚ ਲੱਗੇ ਕੈਮਰਿਆਂ ਵਲੋਂ ਲਈਆਂ ਗਈਆਂ ਤਸਵੀਰਾਂ ਸਾਂਝੀਆਂ ਕੀਤੀਆਂ ਨੇ । ਭਾਰਤੀ ਪੁਲਾੜ ਏਜੰਸੀ ਨੇ ਟਵੀਟ

ਕੀਤਾ ਏ ਕਿ ਡੇਟਾ ਦੇ ਵਿਸ਼ਲੇਸ਼ਣ ਤੋਂ ਬਾਅਦ ਹੀ ਡਾਕਿੰਗ ਪ੍ਰਕਿਰਿਆ ਕੀਤੀ ਜਾਵੇਗੀ। ਡੌਕਿੰਗ ਤੋਂ ਬਾਅਦ, ਦੋਵੇਂ ਉਪਗ੍ਰਹਿਆਂ ਨੂੰ ਇੱਕ ਪੁਲਾੜ ਵਾਹਨ ਦੇ ਰੂਪ ਵਿੱਚ ਕੰਟਰੋਲ ਕੀਤਾ ਜਾਵੇਗਾ । ਇਹ ਪਤਾ ਲਗਾਉਣ ਲਈ ਕਿ, ਕੀ ਡੌਕਿੰਗ ਸਫਲ ਏ ਜਾਂ ਨਹੀਂ, ਬਿਜਲੀ ਨੂੰ ਇੱਕ ਉਪਗ੍ਰਹਿ ਤੋਂ ਦੂਜੇ ਉਪਗ੍ਰਹਿ ਵਿੱਚ ਤਬਦੀਲ ਕੀਤਾ ਜਾਵੇਗਾ। ਇਸ ਤੋਂ ਬਾਅਦ ਦੋਵੇਂ ਉਪਗ੍ਰਹਿ ਆਜ਼ਾਦ ਤੌਰ 'ਤੇ ਕੰਮ ਕਰਨ ਲਈ ਆਨਡੌਕ ਕੀਤੇ ਜਾਣਗੇ। ਅਮਰੀਕਾ, ਰੂਸ ਅਤੇ ਚੀਨ ਤੋਂ ਬਾਅਦ ਭਾਰਤ, ਇਹ ਉਪਲਬਧੀ ਹਾਸਲ ਕਰਨ ਵਾਲਾ ਚੌਥਾ ਦੇਸ਼ ਬਣ ਜਾਵੇਗਾ।

---------------------------------------------------------------

ਅੱਜ ਪੂਰਾ ਦੇਸ਼ ਰਾਸ਼ਟਰੀ ਯੁਵਾ ਦਿਵਸ ਮਨਾ ਰਿਹਾ ਏ । ਮਹਾਨ ਅਧਿਆਤਮਕ ਗੁਰੂ, ਦਾਰਸ਼ਨਿਕ ਅਤੇ ਚਿੰਤਕ ਸਵਾਮੀ ਵਿਵੇਕਾਨੰਦ ਦੀ ਜੈਯੰਤੀ ਨੂੰ ਦੇਸ਼, ਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਉਂਦਾ ਏ । ਪੂਰੀ ਦੁਨੀਆ ਸਵਾਮੀ ਵਿਵੇਕਾਨੰਦ ਨੂੰ ,ਸਾਲ 1893 ਵਿੱਚ ਸ਼ਿਕਾਗੋ ਵਿੱਚ ਧਰਮ ਸੰਸਦ ਵਿੱਚ ਦਿੱਤੇ ਗਏ ਇਤਿਹਾਸਕ ਭਾਸ਼ਣ ਲਈ ਯਾਦ ਕਰਦੀ ਏ । ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਸਵਾਮੀ

ਵਿਵੇਕਾਨੰਦ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਨੇ ਦੇਸ਼ ਦੇ ਮਹਾਨ ਅਧਿਆਤਮਕ ਸੰਦੇਸ਼ ਨੂੰ, ਪੱਛਮੀ ਦੁਨੀਆ ਤੱਕ ਪਹੁੰਚਾਇਆ ਅਤੇ ਭਾਰਤ ਦੇ ਲੋਕਾਂ ਵਿੱਚ ਇੱਕ ਨਵਾਂ ਆਤਮ-ਵਿਸ਼ਵਾਸ ਭਰਿਆ। ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਕਿ ਸਵਾਮੀ ਵਿਵੇਕਾਨੰਦ ਦਾ ਵਿਰਸਾ ਅੱਗੇ ਵਧਣਾ ਜਾਰੀ ਰਹੇ ਅਤੇ ਦੁਨੀਆ ਭਰ ਦੇ ਅਣਗਿਣਤ ਲੋਕਾਂ ਨੂੰ ਪ੍ਰੇਰਿਤ ਕਰੇ । ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ, ਭਾਰਤ ਦੇ ਅਧਿਆਤਮਿਕ ਗਿਆਨ ਦੀ ਇੱਕ ਰੋਸ਼ਨੀ, ਸਵਾਮੀ ਵਿਵੇਕਾਨੰਦ ਦਾ 1893 ਦਾ ਸ਼ਿਕਾਗੋ ਭਾਸ਼ਣ ਇਸ ਧਰਤੀ ਦੀਆਂ ਸਮਾਵੇਸ਼ੀ ਕਦਰਾਂ ਕੀਮਤਾਂ ਨੂੰ ਦਰਸਾਉਂਦਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ, ਨੌਜਵਾਨਾਂ ਲਈ ਇੱਕ ਸਦੀਵੀ ਪ੍ਰੇਰਨਾ, ਸਵਾਮੀ ਵਿਵੇਕਾਨੰਦ ਨੌਜਵਾਨਾਂ ਦੇ ਮਨਾਂ ਵਿੱਚ ਜਨੂੰਨ ਅਤੇ ਉਦੇਸ਼ ਨੂੰ ਜਗਾਉਂਦੇ ਰਹਿੰਦੇ ਨੇ । ਉਨ੍ਹਾਂ ਕਿਹਾ ਕਿ, ਸਰਕਾਰ ਮਜ਼ਬੂਤ ਅਤੇ ਵਿਕਸਤ ਭਾਰਤ ਦੀ ਉਨ੍ਹਾਂ ਦੀ ਦ੍ਰਿਸ਼ਟੀ ਨੂੰ ਪੂਰਾ ਕਰਨ ਲਈ ਵਚਨਬੱਧ ਏ । ਪ੍ਰਧਾਨ ਮੰਤਰੀ ਨੇ ਸੋਸ਼ਲ

ਮੀਡੀਆ 'ਤੇ ਇੱਕ ਵੀਡੀਓ ਸੰਦੇਸ਼ ਸਾਂਝਾ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨਾਂ ਨੂੰ ਸਵਾਮੀ ਵਿਵੇਕਾਨੰਦ ਦੇ ਜੀਵਨ ਤੋਂ ਸਿੱਖਣ ਦੀ ਲੋੜ ਏ ।

---

ਸੀਮਾ ਸੁਰੱਖਿਆ ਬਲ ਨੇ, ਫਿਰੋਜ਼ਪੁਰ ਸਰਹੱਦ  'ਤੇ ਪਾਕਿਸਤਾਨੀ ਡਰੋਨ ਨਾਲ ਸੁੱਟਿਆ ਗਿਆ ਨਵਾਂ ਪਿਸਤੌਲ, ਮੈਗਜ਼ੀਨ ਅਤੇ ਹੈਰੋਇਨ ਬਰਾਮਦ ਕੀਤੀ । ਬੀ.ਐਸ.ਐਫ ਦੇ ਖੁਫੀਆ ਵਿੰਗ ਨੇ ਸਰਹੱਦੀ ਖੇਤਰ ਨੇੜੇ ਇੱਕ ਸ਼ੱਕੀ ਵਸਤੂ ਦੀ ਮੌਜੂਦਗੀ ਸਬੰਧੀ ਖੁਫੀਆ ਸੂਚਨਾ 'ਤੇ ਕਾਰਵਾਈ ਕਰਦਿਆਂ ਚਲਾਈ ਤਲਾਸ਼ੀ ਮੁਹਿੰਮ  ਦੌਰਾਨ, ਬੀ.ਐੱਸ.ਐੱਫ. ਜਵਾਨਾਂ ਨੇ ਫਿਰੋਜ਼ਪੁਰ ਜ਼ਿਲੇ ਦੇ ਟੇਂਡੀ ਵਾਲਾ ਪਿੰਡ ਦੇ ਖੇਤਾਂ ਵਿੱਚੋਂ ਦੋ ਪੈਕਟ ਬਰਾਮਦ ਹੋਏ ।ਇੱਕ ਪੈਕੇਟ ਵਿੱਚ ਇੱਕ ਮੈਗਜ਼ੀਨ ਦੇ ਨਾਲ ਇੱਕ ਪਿਸਤੌਲ ਅਤੇ ਦੂਜੇ ਵਿੱਚ 548 ਗ੍ਰਾਮ ਹੈਰੋਇਨ  ਸੀ। ਦੋਵੇਂ ਪੈਕੇਟ, ਪੀਲੀ ਚਿਪਕਣ ਵਾਲੀ ਟੇਪ ਵਿੱਚ ਲਪੇਟੇ ਹੋਏ ਅਤੇ ਇੱਕ ਲੋਹੇ ਦੇ ਹੁੱਕ ਨਾਲ ਜੁੜੇ ਹੋਏ ਸਨ ।

---------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਦੇ ਸੀ. ਆਈ. ਏ. ਸਟਾਫ਼ ਦੀ ਪੁਲਿਸ ਨੇ ਮਾਂ-ਪੁੱਤ ਸਮੇਤ 5 ਨਸ਼ਾਂ ਤਸਕਰਾਂ ਨੂੰ ਕਾਬੂ ਕਰ ਕੇ, ਉਨ੍ਹਾਂ ਕੋਲੋਂ 400 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ । ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਿਸ ਪਾਰਟੀ ਇੱਕ ਇਤਲਾਹ 'ਤੇ ਕਾਜ਼ੀ ਮੰਡੀ ਤੋਂ ਸੂਰਿਆ ਐਨਕਲੇਵ  ਵਿੱਚ ਗਸ਼ਤ  ਦੌਰਾਨ ਇਨਾ ਦੋਵਾਂ ਨੂੰ ਰੋਕਿਆ ਗਿਆ ਤੇ ਚੈਕਿੰਗ ਦੌਰਾਨ ਉਨ੍ਹਾਂ ਪਾਸੋਂ  ਗ੍ਰਾਮ ਹੈਰੋਇਨ ਬਰਾਮਦ ਕੀਤੀ, ਜਿਸ ਉਪਰੰਤ ਥਾਣਾ ਰਾਮਾਮੰਡੀ ਵਿਖੇ ਨਸ਼ਿਆਂ ਨੂੰ ਰੋਕਣ ਬਾਰੇ  ਐਕਟ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ।

---------------------------------------------------

ਓਧਰ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਕੋਟਕਪੂਰਾ ਰੋਡ ਵਿਖੇ ਗੁਪਤ ਸੂਚਨਾ ਦੇ ਆਧਾਰ ‘ਤੇ  3 ਤਸਕਰਾਂ ਨੂੰ ਕਾਬੂ ਕੀਤਾ ।  ਉਨ੍ਹਾਂ ਜਾਣਕਾਰੀ ਦਿੰਦੇ ਦੱਸਿਆ ਕਿ ਨਸ਼ੇ ਦੀ ਤਸਕਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਤਸਕਰਾਂ ਨੂੰ ਪੁਲਿਸ ਹਵਾਲੇ ਕਰਦਿਆਂ, ਪੁਲਿਸ ਪ੍ਰਸ਼ਾਸਨ ਨੂੰ ਉਨ੍ਹਾਂ ਖ਼ਿਲਾਫ ਬਣਦੀ ਕਾਰਵਾਈ ਕਰਨ

ਦੀ ਹਿਦਾਇਤ ਕੀਤੀ ।ਉਹਨਾਂ ਕਿਹਾ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਨੂੰ ਕਦੇ ਵੀ ਬਖਸ਼ਿਆ ਨਹੀਂ ਜਾਵੇਗਾ । ਉਹਨਾਂ ਲੋਕਾਂ ਨੂੰ ਅਪੀਲ ਕੀਤੀ ਏ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਏ  ਜਾਂ ਕੋਈ ਵਿਅਕਤੀ ਨਸ਼ੇ ਦਾ ਆਦੀ ਏ  ਤਾਂ ਤੁਸੀਂ ਉਸਦੀ ਸੂਚਨਾ ਪੁਲਿਸ ਨੂੰ ਦਿਓ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

---------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ  ਸ਼ੌਕਤ ਅਹਿਮਦ ਪਰੇ ਦੀ ਰਹਿਨੁਮਾਈ ਹੇਠ, ਮਹਾਤਮਾ ਗਾਂਧੀ ਲੋਕ ਪ੍ਰਸ਼ਾਸਨ ਸੰਸਥਾ ਪੰਜਾਬ ਦੇ ਖੇਤਰੀ ਕੇਂਦਰ ਵਲੋਂ ਬਠਿੰਡਾ ਜ਼ਿਲ੍ਹੇ ਦੇ ਤਹਿਸੀਲਦਾਰਾਂ, ਨਾਇਬ ਤਹਿਸੀਲਦਾਰਾਂ ਅਤੇ ਮਾਲ ਅਦਾਲਤਾਂ ਦੇ ਰੀਡਰਾਂ ਨੂੰ ਮਾਲ ਅਦਾਲਤਾਂ ਦੇ ਕੰਮ-ਕਾਜ ਬਾਰੇ ਸਿਖਲਾਈ ਦਿੱਤੀ ਗਈ । ਡਿਪਟੀ ਕਮਿਸ਼ਨਰ ਵਲੋਂ  ਮਾਲ ਅਦਾਲਤਾਂ ਤੇ ਦਫ਼ਤਰੀ ਕੰਮ ਨੂੰ ਸਹੀ ਢੰਗ ਨਾਲ ਕਾਨੂੰਨ ਅਨੁਸਾਰ ਕਰਨ ਲਈ ਕਿਹਾ ਤਾਂ ਕਿ ਲੋਕਾਂ ਦੀਆਂ ਪ੍ਰੇਸ਼ਾਨੀਆਂ ਦੂਰ ਹੋ ਸਕਣ। ਸੰਸਥਾ ਦੇ ਖੇਤਰੀ ਪ੍ਰੋਜੈਕਟ ਡਾਇਰੈਕਟਰ  ਓਮ ਪ੍ਰਕਾਸ਼, ਨੇ ਦੱਸਿਆ ਕਿ ਇਸ ਸਿਖਲਾਈ

ਵਿੱਚ ਸਾਬਕਾ ਪੀ.ਸੀ.ਐਸ. ਅਧਿਕਾਰੀ ਸ੍ਰੀ ਵਿਨੋਦ ਬਾਂਸਲ ਵਲੋਂ ਮਾਲ ਅਦਾਲਤਾਂ ਦੇ ਕੰਮਾਂ ਦੇ ਸਾਰੇ ਨੁਕਤੇ ਸਾਂਝੇ ਕੀਤੇ ਗਏ ।

---------------------------------------------------------------

ਫਰੀਦਕੋਟ ਸ਼ਹਿਰ ਦੇ ਨਾਲ ਲੰਘਦੀਆਂ ਰਾਜਸਥਾਨ ਫੀਡਰ ਨਹਿਰ ਅਤੇ ਸਰਹਿੰਦ ਫੀਡਰ ਨਹਿਰ ਤੇ ਬਣਿਆ ਪੁਲ ਕਾਫੀ ਤੰਗ ਅਤੇ ਪੁਰਾਣਾ ਹੋਣ ਕਾਰਨ, ਇਸ ਪੁਲ ਦਾ ਮੁੜ ਨਿਰਮਾਣ ਕੀਤਾ ਜਾ ਰਿਹਾ ਏ । ਨਹਿਰੀ ਵਿਭਾਗ ਦੇ ਐਕਸੀਅਨ ਰਮਨਪ੍ਰੀਤ ਸਿੰਘ ਮਾਨ ਨੇ ਦੱਸਿਆ ਕਿ ਹੁਣ ਇਹ ਪੁਲ ਵਨ-ਵੇ ਡਬਲ ਬਰਿੱਜ ਬਣਾਇਆ ਜਾ ਰਿਹਾ ਏ । ਇਹਨਾਂ ਪੁਲਾਂ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਲਈ ਇਹ ਰਸਤਾ 13 ਜਨਵਰੀ ਤੋਂ ਲਗਭਗ ਇੱਕ ਹਫਤੇ ਤੱਕ ਲਈ ਪੂਰਨ ਤੌਰ ਤੇ ਬੰਦ ਕੀਤਾ ਜਾ ਰਿਹਾ ਏ ਅਤੇ ਇਸ ਸੜਕ ਤੇ ਲੰਘਣ ਵਾਲੇ ਵਹੀਕਲਾਂ ਦੀ ਸਹੂਲਤ ਲਈ ਬਦਲਵੇਂ ਪ੍ਰਬੰਧ ਕੀਤੇ ਗਏ ਨੇ । ਕੋਟਕਪੂਰਾ-ਸ੍ਰੀ ਮੁਕਤਸਰ ਸਾਹਿਬ ਜਾਣ ਵਾਲਾ ਟਰੈਫਿਕ ਵਾਇਆ ਮਚਾਕੀ ਪੁੱਲ ਤੋਂ ਹੋ ਕੇ ਜਾਵੇਗਾ ਅਤੇ ਫਰੀਦਕੋਟ ਸ਼ਹਿਰ ਜਾਣ ਵਾਲਾ ਟਰੈਫਿਕ ਵਾਇਆ ਮਚਾਕੀ ਪੁੱਲ ਤੋਂ ਹੋ ਕੇ ਜਾਵੇਗਾ।

---------------------------------------------------------------

ਸ੍ਰੀ ਮੁਕਤਸਰ ਸਾਹਿਬ ਜਿਲ੍ਹਾ ਪ੍ਰਸ਼ਾਸਨ ਮਾਘੀ ਮੇਲੇ ਮੌਕੇ, ਸ੍ਰੀ ਮੁਕਤਸਰ ਸਾਹਿਬ ਵੱਲੋਂ 40 ਮੁਕਤਿਆਂ ਦੀ ਸ਼ਹੀਦੀ ਨੂੰ ਸਮਰਪਿਤ 'ਸਰਹਿੰਦ ਦੀ ਦੀਵਾਰ' ਅਤੇ 'ਮੈਂ ਤੇਰਾ ਬੰਦਾ' ਨਾਟਕਾਂ ਦਾ ਮੰਚਨ 13 ਅਤੇ 14 ਜਨਵਰੀ ਨੂੰ ਡੇਰਾ ਭਾਈ ਮਸਤਾਨ ਪਬਲਿਕ ਸਕੂਲ ਵਿਖੇ ਕਰਵਾਇਆ ਜਾ ਰਿਹਾ ਏ । ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਦੱਸਿਆ ਕਿ ਇਸ ਦੋ ਦਿਨਾਂ ਚੱਲਣ ਵਾਲੇ ਪ੍ਰੋਗਰਾਮ ਲਈ ਜਿਲ੍ਹਾ ਪ੍ਰਸਾਸ਼ਨ ਵਲੋਂ ਤਾਲਮੇਲ ਕਮੇਟੀ ਦਾ ਗਠਨ ਕਰ ਦਿੱਤਾ ਏ ।ਉਹਨਾਂ ਮੇਲੇ ਦੌਰਾਨ ਪਹੁੰਚਣ ਵਾਲੇ ਸ਼ਰਧਾਲੂਆ ਅਤੇ ਇਲਾਕਾ ਨਿਵਾਸੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਅਤੇ ਸਮਾਗਮ ਦੀਆਂ ਰੌਣਕ ਵਿੱਚ ਵਾਧਾ ਕਰਨ ਦੀ ਅਪੀਲ ਕੀਤੀ।

---------------------------------------------------------------

ਜਿਲਾ ਤਰਨ ਤਾਰਨ  ਵਿਖੇ ਰਾਸ਼ਟਰੀ ਬਾਲ ਸਵਾਸਥ ਕਰਿਆਕਰਮ ਨਾਲ ਸੰਬੰਧਿਤ ਮੈਡੀਕਲ ਅਫਸਰਾਂ ਦੀ ਅਹਿਮ ਮੀਟਿੰਗ ਕੀਤੀ ਗਈ । ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਸਿਹਤ ਪ੍ਰੋਗਰਾਮ ਬਾਰੇ

ਸਕੂਲਾਂ ਦੇ ਵਿੱਚ ਵਿਦਿਆਰਥੀ ਦੀ ਸਿਹਤ ਜਾਂਚ ਅਤੇ ਜਾਗਰੂਕਤਾ ਫੈਲਾਉਣ ਦੀ ਹਿਦਾਇਤ ਕੀਤੀ ਗਈ। ਸਿਵਿਲ ਸਰਜਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਵਿਭਾਗ ਵੱਲੋਂ ਚਲਾਏ ਜਾ ਰਹੇ 100 ਦਿਨਾਂ ਟੀਬੀ ਜਾਗਰੂਕਤਾ ਮੁਹਿੰਮ ਬਾਰੇ ਸਕੂਲਾਂ ਦੇ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਫਲਾਈ ਜਾਵੇ। ਉਹਨਾਂ ਕਿਹਾ ਕਿ ਟੀਮਾਂ ਜਦੋਂ ਵੀ ਸਕੂਲਾਂ ਅਤੇ ਆਗਣਵਾੜੀ ਕੇਂਦਰਾਂ ਦਾ ਦੌਰਾ ਕਰਦੀਆਂ ਹਨ ਤਾਂ ਟੀਬੀ ਪ੍ਰੋਗਰਾਮ ਅਤੇ ਟੀਕਾਕਰਨ ਪ੍ਰੋਗਰਾਮ ਬਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਨਾਲ ਜਰੂਰ ਗੱਲਬਾਤ ਕਰਨ।

---------------------------------------------------------------

ਮੌਸਮ ਵਿਭਾਗ ਨੇ ਕਿਹਾ ਕਿ ਰਾਤ ਅਤੇ ਸਵੇਰ ਸਮੇਂ ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ, ਅਤੇ ਪੂਰਬੀ ਉੱਤਰ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਧੁੰਦ ਪੈਣ ਦੀ ਸੰਭਾਵਨਾ ਏ । ਪਹਾੜਾਂ ’ਤੇ ਹੋ ਰਹੀ ਬਰਫਵਾਰੀ ਕਾਰਨ ਪੰਜਾਬ ‘ਚ ਠੰਢ ਵਧ ਗਈ ਏ । ਮੌਸਮ ਵਿਭਾਗ ਨੇ ਮੋਹਾਲੀ, ਪਟਿਆਲਾ ਸਮੇਤ 10 ਜ਼ਿਲਿਆਂ ਵਿੱਚ ਸੰਘਣੀ ਧੁੰਦ ਅਤੇ ਕੋਹਰੇ ਦਾ ਯੈਲੋ ਅਲਰਟ ਜਾਰੀ ਕੀਤਾ ਏ । ਪੰਜਾਬ ਦੇ ਕਈ ਇਲਾਕਿਆਂ ‘ਚ ਬੀਤੀ ਰਾਤ

ਤੋਂ ਹੀ ਗਰਜ ਨਾਲ ਰੁਕ-ਰੁਕ ਕੇ ਮੀਂਹ ਪਿਆ। ਅੱਜ ਮੌਸਮ ਵਿਭਾਗ ਨੇ ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਵਿੱਚ ਕੁਝ ਥਾਵਾਂ ’ਤੇ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਨੇ 16 ਜਨਵਰੀ ਤੋਂ ਮੌਸਮ ਸਾਫ ਹੋਣ ਦੀ ਸੰਭਾਵਨਾ ਜਤਾਈ ਏ।

---------------------------------------------------

## <u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਮੰਡਪਮ ਵਿਖੇ, ਵਿਕਸਿਤ ਭਾਰਤ ਯੁਵਾ ਨੇਤਾ ਸੰਵਾਦ ਨੂੰ ਸੰਬੋਧਨ ਕੀਤਾ -ਕਿਹਾ ਭਾਰਤ ਦੀ ਯੁਵਾ ਸ਼ਕਤੀ, ਛੇਤੀ ਹੀ ਦੇਸ਼ ਨੂੰ ਵਿਕਸਤ ਰਾਸ਼ਟਰ ਬਣਾਵੇਗੀ।
- ਭਾਰਤੀ ਪੁਲਾੜ ਖੋਜ ਸੰਗਠਨ - ਇਸਰੋ ਨੇ ਡੋਕਿੰਗ ਤੋਂ ਪਹਿਲਾਂ ਸਪੈਡੇਕਸ ਪ੍ਰੋਗਰਾਮ ਤਹਿਤ, ਆਪਣੇ ਦੋ ਉਪਗ੍ਰਹਿਆਂ ਨੂੰ ਸਥਿਰ ਕਰਨ ਵਿੱਚ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਏ।
- ਮਹਾਨ ਅਧਿਆਤਮਕ ਗੁਰੂ ਸਵਾਮੀ ਵਿਵੇਕਾਨੰਦ ਦੀ ਜੈਯੰਤੀ ਮੌਕੇ, ਅੱਜ ਰਾਸ਼ਟਰੀ ਯੁਵਾ ਦਿਵਸ ਮਨਾਇਆ ਜਾ ਰਿਹਾ ਏ।

- ਸੀਮਾ ਸੁਰੱਖਿਆ ਬਲ ਨੇ, ਫਿਰੋਜ਼ਪੁਰ ਸਰਹੱਦ 'ਤੇ ਪਾਕਿਸਤਾਨੀ ਡਰੋਨ ਨਾਲ ਸੁੱਟਿਆ ਗਿਆ ਪਿਸਤੌਲ, ਮੈਗਜ਼ੀਨ ਅਤੇ ਹੈਰੋਇਨ ਬਰਾਮਦ ਕੀਤੀ।
- ਮੌਸਮ ਵਿਭਾਗ ਵੱਲੋਂ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ, ਸੰਘਣੀ ਧੁੰਦ ਪੈਣ ਬਾਰੇ ਯੈਲੋ ਅਲਰਟ ਜਾਰੀ ।